ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਦੀ ਕਟਾਈ ਤੋਂ ਬਾਅਦ ਖੇਤਾਂ ਵਿੱਚ ਪਈ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ

ਪਿੰਡ ਡਾਲੇਕੇ ਵਿਖੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਖੇਤੀ ਸੰਦਾਂ ਦੀ ਲਗਾਈ ਗਈ ਨੁਮਾਇਸ਼

ਤਰਨਤਾਰਨ, 27 ਸਤੰਬਰ :

ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਣ ਸਬੰਧੀ ਜਾਗਰੂਕ ਕਰਨ ਤੇ ਇਸ ਨੂੰ ਖੇਤਾਂ ਵਿੱਚ ਰਲਾਉਣ ਦੇ ਲਈ ਬਣੇ ਖੇਤੀ ਸੰਦਾਂ, ਜਿਵੇਂ ਐਸ਼.ਐਮ.ਐਸ., ਹੈਪੀ ਸੀਡਰ, ਰੀਵਰਸੀਬਲ ਐਮ.ਬੀ. ਪਲਾਉ, ਕਟਰ ਕਮ ਸਪਰੈਂਡਰ, ਮਲਚਰ ਚੋਪਰ ਆਦਿ ਦੀ ਨੁਮਾਇਸ਼ ਪਿੰਡ ਡਾਲੇਕੇ ਵਿਖੇ ਲਗਾਈ ਗਈ। ਇਸ ਨੁਮਾਇਸ਼ ਦਾ ਨਿਰੀਖਣ ਕਰਨ ਦੇ ਲਈ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵਿਸ਼ੇਸ਼ ਤੌਰ ’ਤੇ ਪੁੱਜੇ ਤੇ ਇਸ ਸਬੰਧੀ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਮੁੱਖ ਖੇਤੀਬਾੜੀ ਅਫ਼ਸਰ ਪ੍ਰਤਾਪ ਸਿੰਘ ਸੰਧੂ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਸਬਸਿਡੀ 'ਤੇ ਬੇਲਰ, ਉਲਟਾਵਾਂ ਹੱਲ੍ਹ ਤੇ ਚੌਪਰ-ਕਮ-ਸਪਰੈਡਰ ਆਦਿ ਵਰਗੀਆਂ ਹੋਰ ਖੇਤੀ ਮਸ਼ੀਨਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਇਸ ਲਈ ਕਿਸਾਨਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਪਿੰਡਾਂ ਵਿੱਚ ਗਰੁੱਪ ਬਣਾ ਕੇ ਇਹ ਮਸ਼ੀਨਰੀ ਖਰੀਦਣ ਜਾਂ ਪਿੰਡਾਂ ਦੀਆਂ ਸਹਿਕਾਰੀ ਸਭਾਵਾਂ ਤੋਂ ਇਹ ਮਸ਼ੀਨਰੀ ਕਿਰਾਏ 'ਤੇ ਲੈ ਕੇ ਵਰਤਣ ਤਾਂ ਜੋ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਲੋੜ ਹੀ ਨਾ ਪਵੇ।

ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਝੋਨੇ ਦੀ ਫਸਲ ਦੀ ਕਟਾਈ ਕਰਨ ਤੋਂ ਬਾਅਦ ਖੇਤਾਂ ਵਿੱਚ ਪਈ ਪਰਾਲੀ ਨੂੰ ਅੱਗ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਕਿਸਾਨਾਂ ਦਾ ਆਪਣਾ ਵੀ ਨੁਕਸਾਨ ਹੁੰਦਾ ਹੈ, ਕਿਉਂਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਧਰਤੀ ਦੀ ਉਪਜਾਊ ਸ਼ਕਤੀ ਘੱਟਦੀ ਹੈ ਉਥੇ ਹੀ ਧਰਤੀ ਵਿੱਚ ਮੌਜੂਦ ਮਿੱਤਰ ਕੀੜੇ ਵੀ ਮਰ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਫ਼ੈਸਲੇ ਅਨੁਸਾਰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ 'ਤੇ ਜੁਰਮਾਨੇ ਕਰਨ ਦਾ ਪ੍ਰਬੰਧ ਕੀਤਾ ਗਿਆ ਹੈ।



ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ ਅਤੇ ਇਸ ਨਾਲ ਕਈ ਤਰ੍ਹਾਂ ਦੇ ਭਿਆਨਕ ਹਾਦਸੇ ਵੀ ਵਾਪਰ ਸਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਨੇੜਲੇ ਖੇਤਾਂ ਵਿੱਚ ਖੜੀ ਫਸਲ ਨੂੰ ਨੁਕਸਾਨ ਪਹੁੰਚ ਸਕਦਾ ਹੈ ਉਥੇ ਹੀ ਇਸ ਵਿੱਚੋਂ ਨਿਕਲਦੇ ਧੂੰਏ ਨਾਲ ਕਈ ਬਿਮਾਰੀਆਂ ਲੱਗਣ ਦਾ ਵੀ ਡਰ

ਰਹਿੰਦਾ ਹੈ ਅਤੇ ਪਰਾਲੀ ਨੂੰ ਅੱਗ ਲਗਾਉਣ ਨਾਲ ਪਿੰਡਾਂ ਵਿੱਚ ਕਿਸਾਨਾਂ ਦੇ ਆਪਸ ਵਿੱਚ ਝਗੜੇ ਵੀ ਹੋ ਸਕਦੇ ਹਨ। ਇਸ ਲਈ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਦੀ ਸੁਚੱਜੀ ਵਰਤੋਂ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਇਹ ਵੀ ਕਿਹਾ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਥਾਂ ਇਸ ਦੀ ਸੁਚੱਜੀ ਵਰਤੋਂ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਕਿਸਾਨ ਝੋਨੇ ਦੀ ਪਰਾਲੀ ਨੂੰ ਬਾਇਓ ਗੈਸ ਪਲਾਂਟ ਵਿੱਚ ਵੀ ਵਰਤ ਸਕਦੇ ਹਨ ਅਤੇ ਇਸ ਨੂੰ ਖੇਤ ਵਿੱਚ ਵੀ ਵਾਹਿਆ ਜਾ ਸਕਦਾ ਹੈ। ਜਿਸ ਨਾਲ ਜਿਥੇ ਕਿਸਾਨ ਦੀ ਜਮੀਨ ਦੀ ਉਪਜਾਊ ਸ਼ਕਤੀ ਬਣੀ ਰਹੇਗੀ ਉਥੇ ਹੀ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਫ਼ੈਸਲੇ ਦੀ ਪਾਲਣਾ ਵੀ ਕੀਤੀ ਜਾ ਸਕੇਗੀ। ਇਸ ਮੌਕੇ ਡਾ. ਜਸਬੀਰ ਸਿੰਘ ਗਿੱਲ ਪੀ.ਏ.ਯੂ. ਲੁਧਿਆਣਾ ਅਤੇ ਇੰਜੀ. ਰਣਬੀਰ ਸਿੰਘ ਨੇ ਕਿਸਾਨਾਂ ਨੂੰ ਇਨ੍ਹਾਂ ਖੇਤੀ ਸੰਦਾਂ ਜਾਣਕਾਰੀ ਦੇਣ ਲਈ ਵਿਸ਼ੇਸ਼ ਤੌਰ ’ਤੇ ਪੁੱਜੇ।

---------------------